# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :09-12-2025**

ਸਰਕਾਰ ਨੇ ਦੱਸਿਆ ਏ ਕਿ ਇਸ ਸਾਲ ਦੇਸ਼ ਨੇ 35 ਕਰੋੜ 70 ਲਖ ਟਨ ਅਨਾਜ ਪੈਦਾ ਕੀਤਾ ਏ, ਜੋ ਕਿ ਪਿਛਲੇ ਸਾਲ ਨਾਲੋਂ 7.65 ਫੀਸਦੀ ਤਕ ਵਧ ਏ। ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਹੋਈ ਚਰਚਾ ਦਾ ਜਵਾਬ ਦਿੰਦਿਆਂ, ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਇਹ ਕਿਸਾਨਾਂ ਦੀ ਸਖ਼ਤ ਮਿਹਨਤ ਅਤੇ ਕੇਂਦਰ ਸਰਕਾਰ ਦੀਆਂ ਨੀਤੀਆਂ ਕਾਰਨ ਸੰਭਵ ਹੋਇਆ ਏ।

BYTE

ਕੇਂਦਰੀ ਮੰਤਰੀ ਨੇ ਕਿਹਾ ਕਿ ਕੁਦਰਤੀ ਆਫ਼ਤਾਂ ਨੇ ਪੰਜਾਬ, ਜੰਮੂ-ਕਸ਼ਮੀਰ, ਉੱਤਰਾਖੰਡ ਅਤੇ ਹਿਮਾਚਲ ਪ੍ਰਦੇਸ਼ ਅਤੇ ਮਹਾਰਾਸ਼ਟਰ ਵਿੱਚ ਫ਼ਸਲਾਂ ਨੂੰ ਨੁਕਸਾਨ ਪਹੁੰਚਾਇਆ ਏ। ਓਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਸਥਿਤੀ ਦਾ ਜਾਇਜ਼ਾ ਲੈਣ ਲਈ ਪ੍ਰਭਾਵਿਤ ਰਾਜਾਂ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ

ਸਰਕਾਰ ਆਫ਼ਤ ਸਮੇਂ ਪ੍ਰਬੰਧ ਲਈ ਰਾਜ ਸਰਕਾਰਾਂ ਨੂੰ ਹਰ ਲੋੜੀਂਦੀ ਸਹਾਇਤਾ ਪ੍ਰਦਾਨ ਕਰ ਰਹੀ ਏ । ਸ੍ਰੀ ਚੌਹਾਨ ਨੇ ਦੱਸਿਆ ਕਿ ਰਾਜ ਆਫ਼ਤ ਪ੍ਰਤੀਕਿਰਿਆ ਫੰਡ ਤਹਿਤ ਸਾਰੇ ਰਾਜਾਂ ਨੂੰ ਫੰਡ ਉਪਲਬਧ ਕਰਵਾਏ ਜਾ ਰਹੇ ਨੇ ਤਾਂ ਜੋ ਉਹ ਤੁਰੰਤ ਸਹਾਇਤਾ ਪ੍ਰਦਾਨ ਕਰ ਸਕਣ। ਉਨ੍ਹਾਂ ਦੱਸਿਆ ਕਿ 2021-22 ਤੋਂ 2025-26 ਦੀ ਮਿਆਦ ਲਈ SDRF ਅਧੀਨ 1 ਲਖ 28 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਰਕਮ ਅਲਾਟ ਕੀਤੀ ਗਈ ਏ । ਕੇਂਦਰੀ ਮੰਤਰੀ ਨੇ ਦੱਸਿਆ ਕਿ 2004 ਤੋਂ 2014 ਦੇ ਵਿਚਕਾਰ, SDRF ਦਾ ਬਜਟ ਸਿਰਫ਼ 38 ਹਜ਼ਾਰ ਕਰੋੜ ਰੁਪਏ ਸੀ, ਜਿਸ ਨੂੰ ਮੋਦੀ ਸਰਕਾਰ ਨੇ ਵਧਾ ਕੇ 1 ਲੱਖ 24 ਹਜ਼ਾਰ ਕਰੋੜ ਰੁਪਏ ਕਰ ਦਿੱਤਾ ਏ ।

---------------------------------------------------------

ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ ਨੇ ਕਿਹਾ ਏ ਕਿ ਮੌਜੂਦਾ ਹਵਾਈ ਸੰਕਟ ਲਈ, ਇੰਡੀਗੋ ਪੂਰੀ ਤਰ੍ਹਾਂ ਜ਼ਿੰਮੇਵਾਰ ਏ ਅਤੇ ਆਪਣੇ ਫਰਜ਼ਾਂ ਵਿੱਚ ਅਸਫਲ ਰਹੀ ਏ । ਡੀਡੀ ਨਿਊਜ਼ ਨਾਲ ਵਿਸ਼ੇਸ਼ ਤੌਰ 'ਤੇ ਗੱਲ ਕਰਦੇ ਹੋਏ, ਸ੍ਰੀ ਨਾਇਡੂ ਨੇ ਕਿਹਾ ਕਿ ਉਡਾਣਾਂ ਰੱਦ ਹੋਣ ਅਤੇ ਦੇਰੀ ਨਾਲ ਚਲਣ ਲਈ ਇੰਡੀਗੋ ਦੇ ਚਾਲਕ ਦਲ ਅਤੇ ਪਾਇਲਟਾਂ ਦੀ ਵਰਤੋਂ ਵਿਚ ਅੰਦਰੂਨੀ ਕੁਪ੍ਰਬੰਧਨ, ਜ਼ਿੰਮੇਵਾਰ ਨੇ, ਨਾ ਕਿ ਫਲਾਈਟ ਡਿਊਟੀ ਸਮਾਂ ਹੱਦ ਦਿਸ਼ਾ-ਨਿਰਦੇਸ਼ । ਉਨ੍ਹਾਂ ਐਲਾਨ ਕੀਤਾ ਕਿ

ਸਰਕਾਰ ਉਨ੍ਹਾਂ ਦੇ ਕਿਸੇ ਦਬਾਅ ਹੇਠ ਨਹੀਂ ਏ ਅਤੇ ਹਮੇਸ਼ਾ ਸਾਰੀਆਂ ਹਵਾਈ ਕੰਪਨੀਆਂ ਨਾਲ ਬਰਾਬਰ ਵਿਵਹਾਰ ਕਰਦੀ ਰਹੀ ਏ। ਸ਼੍ਰੀ ਨਾਇਡੂ ਨੇ ਕਿਹਾ ਕਿ ਜਵਾਬਦੇਹੀ ਵਧਾਉਣ ਅਤੇ ਸੰਸਥਾ ਨੂੰ ਮਜ਼ਬੂਤ ਕਰਨ ਲਈ ਜਲਦੀ ਹੀ ਸ਼ਹਿਰੀ ਹਵਾਬਾਜ਼ੀ ਬਾਰੇ ਡਾਇਰਕਟੋਰੇਟ ਜਨਰਲ ਦਾ ਅੰਦਰੂਨੀ ਮੁਲਾਂਕਣ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੁਰੱਖਿਅਤ ਹਵਾਈ ਸੰਚਾਲਨ ਸਰਕਾਰ ਦੀ ਪ੍ਰਮੁੱਖ ਤਰਜੀਹੀ ਏ।

---------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਜਲੰਧਰ ਸਥਿਤ ਲਾਲਾ ਲਾਜਪਤ ਰਾਏ ਹਸਪਤਾਲ ਵਿਖੇ ਲਾਲਾ ਲਾਜਪਤ ਰਾਏ ਮਿਊਜ਼ੀਅਮ ਦਾ ਉਦਘਾਟਨ ਕੀਤਾ ਉਨ੍ਹਾਂ ਮਹਾਨ ਆਜ਼ਾਦੀ ਘੁਲਾਟੀਏ ਵੱਲੋਂ ਦੇਸ਼ ਦੇ ਸੁਤੰਤਰਤਾ ਸੰਗਰਾਮ ਵਿੱਚ ਪਾਏ ਵਡਮੁੱਲੇ ਯੋਗਦਾਨ ਨੂੰ ਯਾਦ ਕੀਤਾ। ਸ਼੍ਰੀ ਕਟਾਰੀਆ ਨੇ ਲਾਲਾ ਲਾਜਪਤ ਰਾਏ ਜੀ ਨਾਲ ਸਬੰਧਤ ਇਸ ਸੰਸਥਾ ਨੂੰ ਇਤਿਹਾਸਕ ਦੱਸਦਿਆਂ ਕਿਹਾ ਕਿ ਮਿਊਜ਼ੀਅਮ ਦੀ ਸਥਾਪਨਾ ਇਕ ਸ਼ਲਾਘਾਯੋਗ ਉਪਰਾਲਾ ਏ। ਮਿਊਜ਼ੀਅਮ ਵਿੱਚ ਲਾਲਾ ਲਾਜਪਤ ਰਾਏ ਜੀ ਜੀਵਨ ਨਾਲ ਸਬੰਧਤ ਵੱਖ-ਵੱਖ ਤਸਵੀਰਾਂ, ਦਸਤਾਵੇਜ਼ ਰੱਖੇ ਗਏ ਨੇ, ਜੋ ਉਨ੍ਹਾਂ ਦੇ ਸੰਘਰਸ਼ ਅਤੇ ਪ੍ਰੇਰਨਾਤਮਕ ਜੀਵਨ ਦੀ ਝਲਕ ਪੇਸ਼ ਕਰਦੇ ਹਨ। ਇਕ ਹੋਰ ਪ੍ਰੋਗਰਾਮ ਦੌਰਾਨ ਰਾਜਪਾਲ ਨੇ ਅਧਿਆਤਮਿਕਤਾ ਦੇ ਕੇਂਦਰ ਗੁਰਦੁਆਰਾ ਦਰਬਾਰ ਸ੍ਰੀ

ਗੁਰੂ ਗ੍ਰੰਥ ਸਾਹਿਬ ਜੀ, ਬੁਲੰਦਪੁਰੀ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਦੁਨੀਆ ਦੇ ਸਭ ਤੋਂ ਉੱਚੇ ਨਿਸ਼ਾਨ ਸਾਹਿਬ ਦੇ ਦਰਸ਼ਨ ਕੀਤੇ। ਇਸ ਅਧਿਆਤਮਿਕ ਮਿਸ਼ਨ ਨੂੰ ਸਾਲ 2021 ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਏਕਤਾ, ਸ਼ਾਂਤੀ ਅਤੇ ਮਾਨਵਤਾ ਨੂੰ ਪ੍ਰੇਮ ਕਰਨ ਦੀਆਂ ਸਿੱਖਿਆਵਾਂ ਦਾ ਪ੍ਰਚਾਰ ਕਰਨ ਲਈ ਗੋਬਿੰਦ ਸਾਗਰ ਚੈਰੀਟੇਬਲ ਟਰੱਸਟ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ ਸੀ, ਜੋ ਕਿ ਮਨੁੱਖਤਾ ਦੀ ਭਲਾਈ ਲਈ ਵਿਸ਼ਵ ਪੱਧਰ ’ਤੇ ਸੇਵਾ ਨਿਭਾਅ ਰਿਹਾ ਏ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਡੇਵੂ ਈ ਐਂਡ ਸੀ, ਕੋਰੀਆ ਡਿਫੈਂਸ ਇੰਡਸਟਰੀ ਐਸੋਸੀਏਸ਼ਨ, ਸਿਓਲ ਬਿਜ਼ਨਸ ਏਜੰਸੀ ਸਮੇਤ ਦੱਖਣੀ ਕੋਰੀਆ ਦੀਆਂ ਹੋਰ ਕੰਪਨੀਆਂ ਨੂੰ ਸੂਬੇ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ ਏ। ਦੱਖਣੀ ਕੋਰੀਆ ਦੇ ਦੌਰੇ ਦੌਰਾਨ ਮੁੱਖ ਮੰਤਰੀ ਨੇ ਡੇਵੂ ਈ ਐਂਡ ਸੀ ਦੇ ਚੇਅਰਮੈਨ ਜੰਗ ਵੌਨ ਜੂ ਨਾਲ ਮੁਲਾਕਾਤ ਕੀਤੀ ਅਤੇ ਨਵਿਆਉਣਯੋਗ ਊਰਜਾ ਪ੍ਰੋਜੈਕਟਾਂ ਆਫਸ਼ੋਰ ਵਿੰਡ ਫਾਰਮ, ਸੂਰਜੀ ਊਰਜਾ ਪਲਾਂਟ ਅਤੇ ਹਾਈਡ੍ਰੋਜਨ ਉਤਪਾਦਨ ਦੇ ਖੇਤਰਾਂ ਵਿੱਚ ਸਹਿਯੋਗ ਦੀ ਵਕਾਲਤ ਕੀਤੀ। ਭਗਵੰਤ ਸਿੰਘ ਮਾਨ ਨੇ ਮਾਡਿਊਲਰ ਅਤੇ ਪ੍ਰੀ-ਫੈਬਰੀ-ਕੇਟਿਡ ਨਿਰਮਾਣ ਵਿਧੀਆਂ ਲਈ ਤਕਨਾਲੋਜੀ ਦੇ ਅਦਾਨ-ਪ੍ਰਦਾਨ ਵਰਗੇ ਖੇਤਰਾਂ ਵਿੱਚ ਸਹਿਯੋਗ ਵਧਾਉਣ ਦੀ ਲੋੜ 'ਤੇ ਵੀ ਜ਼ੋਰ

ਦਿੱਤਾ ਤਾਂ ਕਿ ਤੇਜ਼ ਤੇ ਕਿਫਾਇਤੀ ਇਮਾਰਤਾਂ ਦੇ ਨਿਰਮਾਣ ਦਾ ਹੱਲ ਲੱਭਿਆ ਜਾ ਸਕੇ।

--------------------------------------------------------

ਤਰਨਤਾਰਨ ਜ਼ਿਲ੍ਹੇ ਦੇ ਪਿੰਡ ਭੁੱਲਰ ਵਿੱਚ ਇਕ ਵਪਾਰੀ ਦੇ ਕਤਲ ਅਤੇ ਲੁੱਟ ਦੇ ਮਾਮਲੇ ਵਿੱਚ ਲੋੜੀਂਦਾ ਮੁਲਜ਼ਮ ਸੁਖਬੀਰ ਕੋਟਲਾ ਸੁੱਖਾ ਪੁਲਿਸ ਨਾਲ ਮੁਕਾਬਲੇ ਵਿੱਚ ਮਾਰਿਆ ਗਿਆ । ਸਾਡੇ ਪੱਤਰਕਾਰ ਨੇ ਦਸਿਆ ਕਿ ਜਦੋਂ ਪੁਲਿਸ ਟੀਮ ਗੋਇੰਦਵਾਲ ਸਾਹਿਬ ਨੇੜੇ ਮੁਲਜ਼ਮ ਦਾ ਪਿੱਛਾ ਕਰ ਰਹੀ ਸੀ, ਤਾਂ ਉਸਨੇ ਅਚਾਨਕ ਗੋਲੀ ਚਲਾ ਦਿੱਤੀ। ਤਰਨਤਾਰਨ ਸੀ.ਆਈ.ਏ ਇੰਚਾਰਜ ਪ੍ਰਭਜੀਤ ਸਿੰਘ ਅਤੇ ਹੋਮ ਗਾਰਡ ਜਵਾਨ ਗੁਰਵਿੰਦਰ ਸਿੰਘ ਹਮਲੇ ਵਿੱਚ ਜ਼ਖਮੀ ਹੋ ਗਏ । ਪੁਲਿਸ ਦੀ ਜਵਾਬੀ ਗੋਲੀਬਾਰੀ ਵਿੱਚ ਮੁਲਜ਼ਮ ਸੁਖਬੀਰ ਨੂੰ ਗੋਲੀ ਮਾਰ ਦਿੱਤੀ ਗਈ ਅਤੇ ਉਸਨੂੰ ਨੇੜਲੇ ਸਰਕਾਰੀ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਡੀ.ਆਈ.ਜੀ ਸਨੇਹਦੀਪ ਸ਼ਰਮਾ ਨੇ ਦਸਿਆ ਕਿ ਸੁਖਬੀਰ ਕੋਟਲਾ ਸੁੱਖਾ ਤਰਨਤਾਰਨ ਅਤੇ ਗੁਰਦਾਸਪੁਰ ਪੁਲਿਸ ਨੂੰ ਲੋੜੀਂਦਾ ਸੀ ਅਤੇ ਉਸਦੇ ਖਿਲਾਫ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਗੰਭੀਰ ਅਪਰਾਧਿਕ ਮਾਮਲੇ ਦਰਜ ਸਨ।

--------------------------------------------------------

ਹਾਕੀ ਵਿੱਚ, ਭਾਰਤ ਅਤੇ ਦੱਖਣੀ ਅਫਰੀਕਾ ਵਿਚਕਾਰ ਤਿੰਨ ਮੈਚਾਂ ਦੀ

ਲੜੀ ਦਾ ਦੂਜਾ ਟੈਸਟ ਮੈਚ 2-2 ਨਾਲ ਡਰਾਅ ਰਿਹਾ। ਇਹ ਮੈਚ ਦੱਖਣੀ ਅਫਰੀਕਾ ਦੇ ਕੇਪ ਟਾਊਨ ਦੇ ਹਾਰਟਲੇਵੇਲ ਸਟੇਡੀਅਮ ਵਿੱਚ ਖੇਡਿਆ ਗਿਆ। ਭਾਰਤ ਦੇ ਹਰਮਨਪ੍ਰੀਤ ਸਿੰਘ ਨੇ ਪਹਿਲਾ ਗੋਲ ਕੀਤਾ ਅਤੇ ਹਾਫ ਟਾਈਮ ਤੱਕ 1-0 ਦੀ ਲੀਡ ਬਣਾਈ। ਹਾਲਾਂਕਿ, ਮੇਜ਼ਬਾਨ ਟੀਮ ਨੇ ਤੀਜੇ ਕੁਆਰਟਰ ਵਿੱਚ ਦਯਾਨ ਕੈਸੀਅਮ ਦੇ ਗੋਲ ਨਾਲ ਵਾਪਸੀ ਕੀਤੀ। ਬਾਅਦ ਵਿੱਚ, ਨੀਥਲਿੰਗ ਨੇ ਇੱਕ ਹੋਰ ਗੋਲ ਕਰਕੇ ਦੱਖਣੀ ਅਫਰੀਕਾ ਨੂੰ 2-1 ਦੀ ਲੀਡ ਦਿਵਾਈ। ਭਾਰਤ ਨੇ ਹਰਮਨਪ੍ਰੀਤ ਦੇ ਇੱਕ ਹੋਰ ਪੈਨਲਟੀ ਕਾਰਨਰ ਰਾਹੀਂ ਬਰਾਬਰੀ ਕੀਤੀ ਅਤੇ ਮੈਚ 2-2 ਨਾਲ ਬਰਾਬਰੀ 'ਤੇ ਖਤਮ ਹੋਇਆ। ਭਾਰਤ ਇਸ ਸਮੇਂ ਤਿੰਨ ਮੈਚਾਂ ਦੀ ਲੜੀ 1-0 ਨਾਲ ਅੱਗੇ ਏ । ਲੜੀ ਦਾ ਆਖਰੀ ਮੈਚ ਕੱਲ੍ਹ ਖੇਡਿਆ ਜਾਵੇਗਾ।

---------------------------------------------------

ਕ੍ਰਿਕਟ ਵਿੱਚ, ਭਾਰਤ ਅਤੇ ਦੱਖਣੀ ਅਫਰੀਕਾ ਵਿਚਕਾਰ ਪੰਜ ਟੀ-20 ਮੈਚਾਂ ਦੀ ਲੜੀ ਅੱਜ ਤੋਂ ਸ਼ੁਰੂ ਹੋ ਰਹੀ ਏ । ਪਹਿਲਾ ਮੈਚ ਓਡੀਸ਼ਾ ਦੇ ਕਟਕ ਦੇ ਬਾਰਾਬਤੀ ਸਟੇਡੀਅਮ ਵਿੱਚ ਸ਼ਾਮ 7 ਵਜੇ ਖੇਡਿਆ ਜਾਵੇਗਾ। ਇਸ ਦੌਰਾਨ, ਭਾਰਤੀ ਕਪਤਾਨ ਸੂਰਿਆਕੁਮਾਰ ਯਾਦਵ ਨੇ ਕਿਹਾ ਕਿ ਹਾਰਦਿਕ ਪੰਡਯਾ ਅਤੇ ਸ਼ੁਭਮਨ ਗਿੱਲ ਦੋਵੇਂ ਸੱਟ ਤੋਂ ਬਾਅਦ ਲੜੀ ਵਿੱਚ ਵਾਪਸੀ ਲਈ ਤਿਆਰ ਹਨ। ਭਾਰਤੀ ਕਪਤਾਨ ਨੇ ਮੈਚ ਤੋਂ ਪਹਿਲਾਂ ਦੀ

ਪ੍ਰੈਸ ਕਾਨਫਰੰਸ ਵਿੱਚ ਕਿਹਾ ਕਿ ਟੀਮ ਇੰਡੀਆ ਨੇ 2024 ਟੀ-20 ਵਿਸ਼ਵ ਕੱਪ ਤੋਂ ਤੁਰੰਤ ਬਾਅਦ 2026 ਦੇ ਟੀ-20 ਵਿਸ਼ਵ ਕੱਪ ਲਈ ਤਿਆਰੀ ਸ਼ੁਰੂ ਕਰ ਦਿੱਤੀ ਹੈ । ਲੜੀ ਦਾ ਦੂਜਾ ਮੈਚ ਵੀਰਵਾਰ ਨੂੰ ਚੰਡੀਗੜ੍ਹ ਦੇ ਮੁੱਲਾਂਪੁਰ, ਤੀਜਾ ਧਰਮਸ਼ਾਲਾ, ਚੌਥਾ ਲਖਨਊ ਅਤੇ ਆਖਰੀ ਮੈਚ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਭਾਰਤ ਇਕ ਰੋਜ਼ਾ ਮੈਚ ਵਿੱਚ 2-1 ਦੀ ਜਿੱਤ ਤੋਂ ਬਾਅਦ, ਟਵੈਂਟੀ- ਟਵੈਂਟੀ ਲੜੀ ਲਈ ਮੈਦਾਨ ਵਿੱਚ ਉਤਰੇਗਾ।

---------------------------------------------------------------------------